ਤਿਲੰਗ ਮਹਲਾ ੪ ॥ ਨਿਤ ਨਿਹਫਲ ਕਰਮ ਕਮਾਇ ਬਫਾਵੈ ਦੁਰਮਤੀਆ ॥ ਜਬ ਆਣੈ ਵਲਵੰਚ ਕਰਿ ਝੂਠੁ ਤਬ ਜਾਣੈ ਜਗੁ ਜਿਤੀਆ ॥੧॥ ਐਸਾ ਬਾਜੀ ਸੈਸਾਰੁ ਨ ਚੇਤੈ ਹਰਿ ਨਾਮਾ ॥ ਖਿਨ ਮਹਿ ਬਿਨਸੈ ਸਭੁ ਝੂਠੁ ਮੇਰੇ ਮਨ ਧਿਆਇ ਰਾਮਾ ॥ ਰਹਾਉ ॥ ਸਾ ਵੇਲਾ ਚਿਤਿ ਨ ਆਵੈ ਜਿਤੁ ਆਇ ਕੰਟਕੁ ਕਾਲੁ ਗ੍ਰਸੈ ॥ ਤਿਸੁ ਨਾਨਕ ਲਏ ਛਡਾਇ ਜਿਸੁ ਕਿਰਪਾ ਕਰਿ ਹਿਰਦੈ ਵਸੈ ॥੨॥੭॥ {ਪੰਨਾ 723}

ਪਦਅਰਥ:- ਨਿਹਫਲ ਕਰਮ—ਉਹ ਕੰਮ ਜਿਨ੍ਹਾਂ ਤੋਂ ਕੋਈ ਲਾਭ ਨਹੀਂ ਹੁੰਦਾ। ਬਫਾਵੈ—ਲਾਫ਼ਾਂ ਮਾਰਦਾ ਹੈ, ਮਾਣ ਕਰਦਾ ਹੈ। ਦੁਰਮਤੀਆ—ਖੋਟੀ ਅਕਲ ਵਾਲਾ ਮਨੁੱਖ। ਆਵੈ—ਲਿਆਉਂਦਾ ਹੈ। ਵਲਵੰਚ—ਛਲ। ਕਰਿ—ਕਰ ਕੇ। ਜਾਣੈ—ਸਮਝਦਾ ਹੈ।1।

ਬਾਜੀ—ਖੇਡ, ਤਮਾਸ਼ਾ। ਬਿਨਸੈ—ਨਾਸ ਹੋ ਜਾਂਦਾ ਹੈ। ਝੂਠੁ—ਨਾਸਵੰਤ। ਮਨ—ਹੇ ਮਨ!। ਰਹਾਉ।

ਚਿਤਿ—ਚਿੱਤ ਵਿਚ। ਜਿਤੁ—ਜਿਸ (ਵੇਲੇ) ਵਿਚ। ਆਇ—ਆ ਕੇ। ਕੰਟਕੁ—ਕੰਡਾ, ਕੰਡੇ ਵਰਗਾ ਦੁਖਦਾਈ। ਗ੍ਰਸੈ—ਫੜ ਲੈਂਦਾ ਹੈ। ਜਿਸੁ ਹਿਰਦੈ—ਜਿਸ ਦੇ ਹਿਰਦੇ ਵਿਚ।2।

ਅਰਥ:- ਹੇ ਮੇਰੇ ਮਨ! ਜਗਤ ਇਹੋ ਜਿਹਾ ਹੈ ਜਿਵੇਂ ਇਕ ਖੇਡ ਹੁੰਦੀ ਹੈ, ਇਹ ਸਾਰਾ ਨਾਸਵੰਤ ਹੈ, ਇਕ ਛਿਨ ਵਿਚ ਨਾਸ ਹੋ ਜਾਂਦਾ ਹੈ (ਪਰ ਖੋਟੀ ਮਤਿ ਵਾਲਾ ਮਨੁੱਖ ਫਿਰ ਭੀ) ਪਰਮਾਤਮਾ ਦਾ ਨਾਮ ਨਹੀਂ ਸਿਮਰਦਾ। ਹੇ ਮੇਰੇ ਮਨ! ਤੂੰ ਤਾਂ ਪਰਮਾਤਮਾ ਦਾ ਧਿਆਨ ਧਰਦਾ ਰਹੁ। ਰਹਾਉ।

ਹੇ ਮੇਰੇ ਮਨ! ਖੋਟੀ ਬੁਧਿ ਵਾਲਾ ਮਨੁੱਖ ਸਦਾ ਉਹ ਕੰਮ ਕਰਦਾ ਰਹਿੰਦਾ ਹੈ ਜਿਨ੍ਹਾਂ ਤੋਂ ਕੋਈ ਲਾਭ ਨਹੀਂ ਹੁੰਦਾ, (ਫਿਰ ਭੀ ਅਜੇਹੇ ਵਿਅਰਥ ਕੰਮ ਕਰ ਕੇ) ਲਾਫ਼ਾਂ ਮਾਰਦਾ ਰਹਿੰਦਾ ਹੈ। ਜਦੋਂ ਕੋਈ ਠੱਗੀ ਕਰ ਕੇ, ਕੋਈ ਝੂਠ ਬੋਲ ਕੇ (ਕੁਝ ਧਨ-ਮਾਲ) ਲੈ ਆਉਂਦਾ ਹੈ, ਤਦੋਂ ਸਮਝਦਾ ਹੈ ਕਿ ਮੈਂ ਦੁਨੀਆ ਨੂੰ ਜਿੱਤ ਲਿਆ ਹੈ।1।

ਹੇ ਮੇਰੇ ਮਨ! ਖੋਟੀ ਮਤਿ ਵਾਲੇ ਮਨੁੱਖ ਨੂੰ ਉਹ ਵੇਲਾ (ਕਦੇ) ਯਾਦ ਨਹੀਂ ਆਉਂਦਾ, ਜਦੋਂ ਦੁਖਦਾਈ ਕਾਲ ਆ ਕੇ ਫੜ ਲੈਂਦਾ ਹੈ। ਹੇ ਨਾਨਕ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਮੇਹਰ ਕਰ ਕੇ ਆ ਵੱਸਦਾ ਹੈ, ਉਸ ਨੂੰ (ਮੌਤ ਦੇ ਡਰ ਤੋਂ) ਛਡਾ ਲੈਂਦਾ ਹੈ।2। 2।7।